# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-02-2025**

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-ਦੇਸ਼ ਦੀ ਜਨਤਾ ਨੇ ਵਿਕਾਸ ਦੇ ਮਾਡਲ ਨੂੰ ਸਮਝਿਆ ਤੇ ਇਸਦਾ ਸਮਰਥਨ ਕੀਤਾ ਏ ।

• ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਕਿਹਾ ਏ ਕਿ ਵਿਦੇਸ਼ ਵਿੱਚ ਪੜ ਰਹੇ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ, ਸਰਕਾਰ ਦੀ ਤਰਜੀਹ ਏ ।

• ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਵਿਭਾਗ ਵਲੋਂ ਸੇਵਾ ਕੇਂਦਰਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਸਾਰੀਆਂ 406 ਸੇਵਾਵਾਂ ਨਾਗਰਿਕਾਂ ਦੇ ਦਰਾਂ ਤੱਕ ਪਹੁੰਚਾਉਣ ਦੀ ਸ਼ੁਰੂਆਤ I

• ਅਨੀਮੀਆ ਮੁਕਤ ਪੰਜਾਬ ਬਣਾਉਣ ਦੇ ਮੰਤਵ ਨਾਲ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਤਰਨ ਤਾਰਨ ਤੋਂ ਵਿਦਿਆਰਥਣਾਂ ਦੀ ਅਨੀਮੀਆ ਜਾਂਚ ਮੁਹਿੰਮ ਦਾ ਆਗਾਜ਼ I

ਅਤੇ

- ਚੰਡੀਗੜ੍ਹ ਐਨ.ਸੀ.ਸੀ ਗਰੁੱਪ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਖੇਤਰ ਦੇ ਸਮੂਹਾਂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ I

---------------------------------------------------------------------------

ਸੰਸਦ ਦੇ ਦੋਵੇਂ ਸਦਨਾਂ ਵਿੱਚ ਰਾਸ਼ਟਰਪਤੀ ਦੇ ਭਾਸ਼ਣ ਦੇ ਧੰਨਵਾਦ ਮਤੇ "ਤੇ ਅੱਜ ਰਾਜ ਸਭਾ ਵਿੱਚ ਚਰਚਾ ਮੁੜ ਸ਼ੁਰੂ ਹੋਈ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜ ਸਭਾ ਵਿੱਚ ਸੰਸਦ ਦੇ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਵਿੱਚ ਰਾਸ਼ਟਰਪਤੀ ਦੇ ਭਾਸ਼ਣ ਦੇ ਧੰਨਵਾਦ ਮਤੇ 'ਤੇ ਚਰਚਾ ਦਾ ਜਵਾਬ ਦਿੰਦਿਆਂ ਕਿਹਾ।

---------------------------------------------------------------------------

ਵਿਦੇਸ਼ ਮੰਤਰੀ ਡਾ. ਐਸ.ਜੈਸ਼ੰਕਰ ਨੇ ਅਮਰੀਕਾ ਵਿੱਚ ਗ਼ੈਰ-ਕਾਨੂੰਨੀ ਢੰਗ ਨਾਲ ਰਹਿ ਰਹੇ ਭਾਰਤੀ ਨਾਗਰਿਕਾਂ ਦੇ ਦੇਸ਼ ਨਿਕਾਲੇ ਦੇ ਮੁੱਦੇ 'ਤੇਅੱਜ ਰਾਜ ਸਭਾ ਵਿੱਚ ਇੱਕ ਬਿਆਨ ਦਿੱਤਾ। ਰਾਜ ਸਭਾ ਵਿੱਚ ਡਾ. ਐੱਸ. ਜੈਸ਼ੰਕਰ ਨੇ ਕਿਹਾ ਕਿ ਅਮਰੀਕਾ ਤੋਂ ਭਾਰਤੀਆਂ ਨੂੰ ਵਾਪਸ ਭੇਜਣ ਦੀ ਪ੍ਰਕਿਰਿਆ ਕੋਈ ਨਵੀਂ ਗੱਲ ਨਹੀਂ ਏ। ਇਸਤੋਂ ਪਹਿਲਾਂ ਵੀ, ਲੋਕਾਂ ਨੂੰ ਵਾਪਸ ਭੇਜਿਆ ਜਾਂਦਾ ਰਿਹਾ ਏ। ਇਹ

ਇੱਕ ਆਮ ਪ੍ਰਕਿਰਿਆ ਏ ਜਿਸਨੂੰ ਅੰਤਰ-ਰਾਸ਼ਟਰੀ ਕਾਨੂੰਨ ਤਹਿਤ ਕੀਤਾ ਗਿਆ ਏ । ਇਸ ਨੂੰ ਭਾਰਤ 'ਤੇ ਹਮਲਾ ਨਹੀਂ ਮੰਨਿਆ ਜਾਣਾ ਚਾਹੀਦਾ । ਡਾ. ਜੈਸ਼ੰਕਰ ਨੇ ਕਿਹਾ ਕਿ ਸਾਲ 2009 ਵਿੱਚ 734 ਅਤੇ ਸਾਲ 2024 ਵਿੱਚ ਇਕ ਹਜ਼ਾਰ 368 ਲੋਕਾਂ ਨੂੰ ਵਾਪਸ ਭੇਜਿਆ ਗਿਆ ਸੀ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ, ਅਮਰੀਕੀ ਪ੍ਰਸ਼ਾਸਨ ਦੇ ਸੰਪਰਕ ਵਿੱਚ ਏ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ, ਕਿ ਭਾਰਤੀ ਨਾਗਰਿਕਾਂ ਨਾਲ ਕੋਈ ਬੁਰਾ ਸਲੂਕ ਨਾ ਹੋਵੇ। ਇਸ ਤੋਂ ਪਹਿਲਾਂ, ਭਾਰਤੀ ਨਾਗਰਿਕਾਂ ਨੂੰ ਅਮਰੀਕਾ ਤੋਂ ਵਾਪਸ ਭੇਜਣ ਦੇ ਮੁੱਦੇ 'ਤੇ, ਵਿਰੋਧੀ ਪਾਰਟੀਆਂ ਦੇ ਵਿਰੋਧ ਪ੍ਰਦਰਸ਼ਨ ਦੇ ਵਿਚਕਾਰ ਲੋਕ ਸਭਾ ਦੀ ਕਾਰਵਾਈ, ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ। ਸਦਨ ਦੀ ਕਾਰਵਾਈ ਦੁਪਹਿਰ 12 ਵਜੇ ਮੁੜ ਸ਼ੁਰੂ ਹੋਣ 'ਤੇ , ਵਿਰੋਧੀ ਮੈਂਬਰਾਂ ਨੇ ਨਾਅਰੇ ਲਾਉਣੇ ਸ਼ੁਰੂ ਕਰ ਦਿੱਤੇ ਅਤੇ ਆਪਣਾ ਵਿਰੋਧ ਜਾਰੀ ਰੱਖਿਆ। ਮੈਂਬਰਾਂ ਨੇ ਸਦਨ ਦੇ ਵਿਚਕਾਰ ਪਹੁੰਚ ਕੇ ਇਸ ਮੁੱਦੇ 'ਤੇ ਚਰਚਾ ਦੀ ਮੰਗ ਕੀਤੀ। ਜਿਵੇਂ ਹੀ ਹੰਗਾਮਾ ਜਾਰੀ ਰਿਹਾ, ਸਦਨ ਦੀ ਕਾਰਵਾਈ ਦੁਪਹਿਰ ਤੱਕ ਮੁਲਤਵੀ ਕਰ ਦਿੱਤੀ ਗਈ।

---------------------------------------------------------------------

ਕਾਂਗਰਸ ਅਤੇ ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰਾਂ ਨੇ ਅੱਜ ਅਮਰੀਕਾ ਤੋਂ ਭਾਰਤੀ ਨਾਗਰਿਕਾਂ ਨੂੰ ਵਾਪਿਸ ਭੇਜੇ ਜਾਣ ਦੇ ਮੁੱਦੇ "ਤੇ ਸੰਸਦ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ। ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਅਮਰੀਕਾ ਵੱਲੋਂ ਭਾਰਤੀਆਂ ਨੂੰ ਵਾਪਿਸ ਭੇਜੇ ਜਾਣ ਦੇ ਤਰੀਕੇ ਦੇ ਖਿਲਾਫ ਸੀ। ਉਨ੍ਹਾਂ ਕਿਹਾ ਕਿ ਅਮਰੀਕਾ ਕੋਲ ਆਪਣੇ ਦੇਸ਼ ਦੇਸ਼ ਵਿੱਚ ਗੈਰ ਕਾਨੂੰਨੀ ਢੰਗ ਨਾਲ ਰਹਿ ਰਹੇ ਲੋਕਾਂ ਨੂੰ ਵਾਪਿਸ ਭੇਜਣ ਦਾ ਕਾਨੂੰਨੀ ਅਧਿਕਾਰ ਏ,ਪਰ ਜਿਸ ਤਰੀਕੇ ਨਾਲ ਅਜਿਹਾ ਕੀਤਾ ਗਿਆ, ਉਹ ਸਵੀਕਾਰਯੋਗ ਨਹੀਂ ਏ।

---------------------------------------------------------------------

ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਕਿਹਾ ਏ ਕਿ ਵਿਦੇਸ਼ ਵਿੱਚ ਪੜ੍ਹ ਰਹੇ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ ਸਰਕਾਰ ਦੀ ਤਰਜੀਹ ਏ। ਅੱਜ ਰਾਜ ਸਭਾ ਵਿੱਚ ਪੂਰਕ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਸਰਕਾਰ ਨੇ ਜੰਗ ਪ੍ਰਭਾਵਿਤ ਖੇਤਰਾਂ ਤੋਂ ਘਰ ਪਰਤਣ ਵਾਲੇ ਵਿਦਿਆਰਥੀਆਂ ਦੀ ਬਿਹਤਰੀ ਲਈ ਕਈ ਕਦਮ ਚੁੱਕੇ ਨੇ

। ਵਿਦੇਸ਼ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਅਜਿਹੇ ਵਿਦਿਆਰਥੀਆਂ ਪ੍ਰਤੀ ਹਮਦਰਦੀ ਵਾਲਾ ਅਤੇ ਜਵਾਬਦੇਹ ਰਵੱਈਆ ਏ । ਡਾ. ਜੈਸ਼ੰਕਰ ਨੇ ਕਿਹਾ ਕਿ ਸਰਕਾਰ ਸੰਘਰਸ਼ ਕਰਨ ਵਾਲੇ ਮੁਲਕਾਂ ਤੋਂ ਸੈਂਕੜੇ ਵਿਦਿਆਰਥੀਆਂ ਨੂੰ ਘਰ ਲੈ ਕੇ ਆਈ ਏ । ਉਨ੍ਹਾਂ ਕਿਹਾ ਕਿ ਸਰਕਾਰ ਨੇ ਮੈਡੀਕਲ ਵਿਦਿਆਰਥੀਆਂ ਨੂੰ ਆਪਣੇ ਅਕਾਦਮਿਕ ਕੋਰਸ ਕਿਸੇ ਤੀਜੇ ਦੇਸ਼ ਵਿੱਚ ਤਬਦੀਲ ਕਰਨ ਦੀ ਇਜਾਜ਼ਤ ਦਿੱਤੀ ਏ ਅਤੇ ਵਿਹਾਰਕ ਪ੍ਰੀਖਿਆਵਾਂ ਦੀ ਸਹੂਲਤ ਭਾਰਤ ਵਿੱਚ ਹੀ ਉਪਲਬਧ ਕਰਵਾਈ ਗਈ ਏ ।

----------------------------------------------------------------------

ਸਰਕਾਰ ਨੇ ਕਿਹਾ ਏ ਕਿ ਡਿਜੀਟਲ ਭੁਗਤਾਨ ਵਿੱਚ ਧੋਖਾਧੜੀ ਦੇ ਵੱਧ ਰਹੇ ਅਪਰਾਧ ਨਾਲ ਨਜਿੱਠਣ ਲਈ ਕਈ ਕਦਮ ਚੁੱਕੇ ਗਏ ਨੇ । ਰਾਜ ਸਭਾ ਵਿੱਚ ਇੱਕ ਲਿਖਤੀ ਸਵਾਲ ਦੇ ਜਵਾਬ ਵਿੱਚ ਵਿੱਤ ਰਾਜ ਮੰਤਰੀ ਪੰਕਜ ਚੌਧਰੀ ਨੇ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਦੇ ਅਨੁਸਾਰ 6 ਹਜ਼ਾਰ 699 ਧੋਖਾਧੜੀ ਦੇ ਮਾਮਲੇ ਸਾਹਮਣੇ ਆਏ ਹਨ। ਸ਼੍ਰੀ ਚੌਧਰੀ ਨੇ ਕਿਹਾ ਕਿ ਸਰਕਾਰ ਨੇ ਡਿਜੀਟਲ ਧੋਖਾਧੜੀ ਦੇ ਖਤਰੇ ਨਾਲ ਨਜਿੱਠਣ ਲਈ ਕਈ ਕਦਮ ਚੁੱਕੇ ਹਨ। ਬੈਂਕਾਂ ਨੂੰ ਵੱਖ-ਵੱਖ ਅਦਾਇਗੀ

ਚੈਨਲਾਂ ਜਿਵੇਂ ਕਿ ਇੰਟਰਨੈੱਟ, ਮੋਬਾਈਲ ਬੈਂਕਿੰਗ, ਕਾਰਡ ਅਦਾਇਗੀ ਲਈ ਸੁਰੱਖਿਆ ਨਿਯੰਤਰਣ ਦੇ ਇੱਕ ਆਮ ਘੱਟੋ-ਘੱਟ ਮਿਆਰ ਨੂੰ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ । ਸ਼੍ਰੀ ਚੌਧਰੀ ਨੇ ਇਹ ਵੀ ਕਿਹਾ ਕਿ ਯੂ. ਪੀ. ਆਈ. ਲੈਣ-ਦੇਣ ਨਾਲ ਸਬੰਧਤ ਧੋਖਾਧੜੀ ਨੂੰ ਰੋਕਣ ਲਈ, ਨੈਸ਼ਨਲ ਪੇਮੈਂਟ ਕਾਰਪੋਰੇਸ਼ਨ ਆਵ੍ ਇੰਡੀਆ ਨੇ ਮੋਬਾਈਲ ਨੰਬਰਾਂ ਅਤੇ ਉਪਕਰਣਾਂ ਦੇ ਵਿਚਕਾਰ ਡਿਵਾਈਸ ਬਾਈਡਿੰਗ, ਪਿੰਨ ਰਾਹੀਂ ਦੋ-ਕਾਰਕ ਪ੍ਰਮਾਣਿਕਤਾ, ਰੋਜ਼ਾਨਾ ਲੈਣ-ਦੇਣ ਦੀ ਹੱਦ ਅਤੇ ਵਰਤੋਂ ਦੇ ਮਾਮਲਿਆਂ 'ਤੇ ਹੱਦਾਂ ਅਤੇ ਪਾਬੰਦੀਆਂ ਲਗਾਈਆਂ ਨੇ ।

--------------------------------------------------------------------------------

ਪੰਜਾਬ ਦੇ ਨਾਗਰਿਕਾਂ ਨੂੰ ਪਾਰਦਰਸ਼ੀ ਢੰਗ ਨਾਲ ਕੁਸ਼ਲ ਪ੍ਰਸ਼ਾਸਨ ਅਤੇ ਨਿਰਵਿਘਨ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਮੰਤਰੀ ਅਮਨ ਅਰੋੜਾ ਨੇ ਅੱਜ "ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ" ਯੋਜਨਾ ਵਿੱਚ 363 ਹੋਰ ਨਾਗਰਿਕ-ਕੇਂਦ੍ਰਿਤ ਸੇਵਾਵਾਂ ਸ਼ਾਮਲ ਕਰਦਿਆਂ ਇਸਦੇ ਵਿਸਥਾਰ ਦਾ ਐਲਾਨ ਕੀਤਾ ਏ । ਇਸ ਨਾਲ ਸੇਵਾ ਕੇਂਦਰਾਂ ਰਾਹੀਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਹੁਣ ਨਾਗਰਿਕ

ਆਪਣੇ ਘਰ ਬੈਠੇ ਪ੍ਰਾਪਤ ਕਰ ਸਕਣਗੇ। ਇਸ ਪਹਿਲ ਤਹਿਤ ਆਧਾਰ ਕਾਰਡ, ਡਰਾਈਵਿੰਗ ਲਾਇਸੈਂਸ ਅਤੇ ਪਾਸਪੋਰਟ ਸਬੰਧੀ ਅਰਜ਼ੀਆਂ ਸਮੇਤ ਹੁਣ 406 ਸੇਵਾਵਾਂ, ਨਾਗਰਿਕਾਂ ਨੂੰ ਉਹਨਾਂ ਦੇ ਦਰਾਂ ‘ਤੇ ਦਿਤੀਆਂ ਜਾਣਗੀਆਂ । ਚੰਡੀਗੜ੍ਹ ਵਿਚ ਮੋਟਰਸਾਈਕਲਾਂ ਉੱਤੇ ਸਵਾਰ 'ਸੇਵਾ ਸਹਾਇਕਾਂ' ਨੂੰ ਝੰਡੀ ਦਿਖਾਉਣ ਉਪਰੰਤ ਅਮਨ ਅਰੋੜਾ ਨੇ ਕਿਹਾ ਕਿ ਯੋਜਨਾ ਤਹਿਤ ਹੁਣ 29 ਪ੍ਰਮੁੱਖ ਵਿਭਾਗਾਂ ਨਾਲ ਸਬੰਧਤ ਕੁੱਲ 406 ਸੇਵਾਵਾਂ ਦਿੱਤੀਆਂ ਜਾਣਗੀਆਂ। ਉਹਨਾਂ ਦੱਸਿਆ ਸੇਵਾਵਾਂ ਦੇ ਵਾਧੇ ਦਾ ਉਦੇਸ਼ ਇਹ ਯਕੀਨੀ ਬਣਾਉਣਾ ਏ ਕਿ ਜ਼ਰੂਰੀ ਸਰਕਾਰੀ ਸੇਵਾਵਾਂ ਨਾਗਰਿਕਾਂ ਨੂੰ ਬਗ਼ੈਰ ਕਿਸੇ ਦੇਰੀ ਜਾਂ ਬੇਲੋੜੀ ਕਾਗਜ਼ੀ ਕਾਰਵਾਈ ਦੇ ਪ੍ਰਦਾਨ ਕੀਤੀਆਂ ਜਾ ਸਕਣ। ਮੰਤਰੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ 92 ਹਜ਼ਾਰ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੋਈਆਂ ਸਨ ਅਤੇ ਸਾਰੀਆਂ ਅਰਜ਼ੀਆਂ 'ਤੇ ਸਮੇਂ ਸਿਰ ਕਾਰਵਾਈ ਕੀਤੀ ਗਈ ਏ । ਉਹਨਾਂ ਦੱਸਿਆ ਕਿ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਗੇੜੇ ਮਾਰਨ ਦੀ ਬਜਾਏ ਹੁਣ ਨਾਗਰਿਕਾਂ ਨੂੰ ਉਨ੍ਹਾਂ ਦੇ ਦਸਤਾਵੇਜ਼ ਤੇ ਸਰਟੀਫਿਕੇਟ ਸਿੱਧੇ ਉਨ੍ਹਾਂ ਦੇ ਘਰਾਂ ਤੱਕ ਪਹੁੰਚਾ ਦਿੱਤੇ ਗਏ ਹਨ। ਉੂਨਾ ਕਿਹਾ ਕਿ ਪਿਛਲੇ ਦੋ ਸਾਲਾਂ

ਵਿੱਚ ਸੂਬਾ ਸਰਕਾਰ ਨੇ ਸਰਕਾਰੀ ਪ੍ਰਕਿਰਿਆਵਾਂ ਨੂੰ ਸੁਖਾਲਾ ਬਣਾਉਣ ਅਤੇ ਰਿਕਾਰਡ ਨੂੰ ਡਿਜ਼ੀਟਾਈਜ਼ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਏ । ਉਹਨਾਂ ਦੱਸਿਆ ਕਿ 77 ਲੱਖ ਤੋਂ ਵੱਧ ਸਰਟੀਫ਼ਿਕੇਟ ਪਹਿਲਾਂ ਹੀ ਡਿਜ਼ੀਟਲ ਰੂਪ ਵਿੱਚ ਡਿਲਿਵਰ ਕੀਤੇ ਜਾ ਚੁੱਕੇ ਹਨ ਅਤੇ ਨਾਗਰਿਕ ਹੁਣ ਸਰਕਾਰ ਦੁਆਰਾ ਪ੍ਰਵਾਨਿਤ ਸਰਟੀਫ਼ਿਕੇਟ ਸਿੱਧੇ ਆਪਣੇ ਮੋਬਾਈਲ ਫੋਨਾਂ 'ਤੇ ਪ੍ਰਾਪਤ ਕਰਦੇ ਹਨ, ਜਿਸ ਨਾਲ ਉਨ੍ਹਾਂ ਦਾ ਸਮਾਂ ਅਤੇ ਪੈਸਾ ਦੋਵਾਂ ਦੀ ਬੱਚਤ ਹੁੰਦੀ ਏ । ਇਸ ਤੋਂ ਇਲਾਵਾ ਪਟਵਾਰੀਆਂ, ਸਰਪੰਚਾਂ, ਨੰਬਰਦਾਰਾਂ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਵੱਲੋਂ ਅਰਜ਼ੀਆਂ ਨੂੰ ਆਨਲਾਈਨ ਪ੍ਰੋਸੈੱਸ ਕੀਤਾ ਜਾ ਰਿਹਾ ਏ , ਜਿਸ ਨਾਲ ਸੇਵਾ ਪ੍ਰਦਾਨ ਕਰਨ ਦੀ ਪ੍ਰਣਾਲੀ ਨੂੰ ਹੋਰ ਸੁਚਾਰੂ ਬਣਾਇਆ ਗਿਆ ਏ । ਉਨ੍ਹਾਂ ਕਿਹਾ ਕਿ ਪਟਵਾਰੀਆਂ ਵੱਲੋਂ 9 ਲੱਖ ਤੋਂ ਵੱਧ ਅਰਜ਼ੀਆਂ ਆਨਲਾਈਨ ਪ੍ਰੋਸੈੱਸ ਕੀਤੀਆਂ ਗਈਆਂ ਨੇ । ਉਹਨਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਵਿਸਥਾਰਤ ਸੇਵਾਵਾਂ ਨੂੰ ਅਪਣਾਉਣ ਅਤੇ ਸਹੂਲਤ ਤੇ ਪਾਰਦਰਸ਼ਤਾ ਦਾ ਖੁਦ ਅਨੁਭਵ ਕਰਨ। ਪ੍ਰਸ਼ਾਸਨਿਕ ਸੁਧਾਰ ਵਿਭਾਗ ਦੇ ਡਾਇਰੈਕਟਰ ਗਿਰੀਸ਼ ਦਿਆਲਨ ਨੇ

ਮੰਤਰੀ ਨੂੰ ਭਰੋਸਾ ਦਿੱਤਾ ਕਿ ਵਿਭਾਗ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਹੋਰ ਪਾਰਦਰਸ਼ਤਾ, ਜਵਾਬਦੇਹੀ ਅਤੇ ਕੁਸ਼ਲਤਾ ਵਧਾਉਣ ਦੇ ਉਦੇਸ਼ ਨਾਲ ਪ੍ਰਭਾਵਸ਼ਾਲੀ ਪ੍ਰਸ਼ਾਸਕੀ ਸੁਧਾਰਾਂ ਨੂੰ ਲਾਗੂ ਕਰਨ ਲਈ ਵਚਨਬੱਧ ਏ।

---------------------------------------------------------------------------

ਅਨੀਮੀਆ ਮੁਕਤ ਪੰਜਾਬ ਬਣਾਉਣ ਦੇ ਮੰਤਵ ਨਾਲ ਸਮਾਜਿਕ ਸੁਰੱਖਿਆ,ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਤਰਨ ਤਾਰਨ ਤੋਂ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜਨ ਵਾਲੀਆਂ ਵਿਦਿਆਰਥਣਾਂ ਦੀ ਅਨੀਮੀਆ ਜਾਂਚ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਦੇ ਪਹਿਲੇ ਦਿਨ 10 ਟੀਮਾਂ ਵੱਲੋਂ ਲੱਗਭੱਗ 1152 ਵਿਦਿਆਰਥਣਾਂ ਦੀ ਅਨੀਮੀਆ ਜਾਂਚ ਕੀਤੀ ਗਈ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁਹਿੰਮ ਦੇ ਸ਼ੁਰੂਆਤੀ ਦੌਰ ਦੌਰਾਨ ਜ਼ਿਲਾ ਤਰਨ ਤਾਰਨ ਦੇ ਸਰਕਾਰੀ ਸਕੂਲਾਂ ਦੇ ਵਿੱਚ ਛੇਵੀਂ ਤੋਂ ਬਾਰਵੀਂ ਜਮਾਤ ਵਿੱਚ ਪੜਨ ਵਾਲੀਆਂ ਲਗਭਗ 30 ਹਜ਼ਾਰ ਦੇ ਕਰੀਬ ਬੱਚੀਆਂ ਦੇ ਖੂਨ ਦੀ ਜਾਂਚ ਕਰ ਕੇ ਅਨੀਮੀਆ ਦਾ ਪਤਾ ਲਗਾਇਆ ਜਾਵੇਗਾ। ਉਹਨਾਂ ਕਿਹਾ ਕਿ ਜਿਹੜੀਆਂ ਵੀ ਬੱਚੀਆਂ ਅਨੀਮੀਆ ਤੋਂ ਪੀੜਿਤ ਪਾਈਆਂ

ਜਾਣਗੀਆਂ, ਉਹਨਾਂ ਦਾ ਤੁਰੰਤ ਇਲਾਜ ਵੀ ਯਕੀਨੀ ਬਣਾਇਆ ਜਾਵੇਗਾ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਇਤਿਹਾਸਿਕ ਸ਼ਹਿਰ ਤਰਨ ਤਾਰਨ ਤੋਂ ਅਨੀਮੀਆ ਜਾਂਚ ਮੁਹਿੰਮ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਬੱਚੀਆਂ ਦੀ ਨਰੋਈ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਜਲਦ ਹੀ ਇਸ ਮੁਹਿੰਮ ਨੂੰ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਸ਼ੁਰੂ ਕੀਤਾ ਜਾਵੇਗਾ ਤਾਂ ਜੋ ਅਨੀਮੀਆ ਮੁਕਤ ਪੰਜਾਬ ਦੇ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਸੂਬਾ ਸਰਕਾਰ ਸਕੂਲਾਂ ਦੇ ਵਿੱਚ ਪੜਨ ਵਾਲੀਆਂ ਵਿਦਿਆਰਥਣਾਂ ਦੀ ਜਾਂਚ ਇੱਕ ਬਹੁਤ ਹੀ ਆਧੁਨਿਕ ਉਪਕਰਨ ਦੇ ਨਾਲ ਕੀਤੀ ਜਾਵੇਗੀ, ਜਿੱਥੇ ਵਿਦਿਆਰਥਣਾਂ ਨੂੰ ਬਿਨਾਂ ਸੂਈ ਚੁਭਾਏ ਹੀਮੋਗਲੋਬਿਨ ਲੈਵਲ ਅਤੇ ਅਨੀਮੀਆ ਦਾ ਪਤਾ ਚੱਲ ਸਕੇਗਾ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇੱਕ ਤੰਦਰੁਸਤ ਜੀਵਨ ਬਤੀਤ ਕਰਨ ਲਈ ਸਰੀਰ ਦੇ ਵਿੱਚ ਹੀਮੋਗਲੋਬਿਨ ਲੈਵਲ ਦੀ ਸਹੀ ਮਾਤਰਾ ਦਾ ਹੋਣਾ ਬਹੁਤ ਹੀ ਲਾਜ਼ਮੀ ਹੈ ਅਤੇ ਜੇਕਰ ਕੋਈ ਅਨੀਮੀਆ ਤੋਂ ਪੀੜਤ ਹੈ ਤਾਂ ਉਹ ਨਾ ਤਾਂ ਸਹੀ ਢੰਗ ਨਾਲ ਪੜ੍ਹ ਸਕੇਗਾ ਅਤੇ ਨਾ ਹੀ ਕਿਸੇ ਹੋਰ ਗਤੀਵਿਧੀ ਦੇ ਵਿੱਚ ਭਾਗੀਦਾਰੀ ਲੈ ਸਕੇਗੀ।

---------------------------------------------------------------------------

ਐਨ.ਸੀ.ਸੀ ਗਰੁੱਪ ਚੰਡੀਗੜ੍ਹ ਸਾਲ 2024-25 ਲਈ ਐਨ.ਸੀ.ਸੀ. ਡਾਇਰੈਕਟੋਰੇਟ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਅਧੀਨ ਅੱਠ ਐਨ.ਸੀ.ਸੀ ਗਰੁੱਪਾਂ ਵਿੱਚੋਂ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਗਰੁੱਪ ਵਜੋਂ ਉਭਰਿਆ ਏ। ਇਹ ਪ੍ਰਾਪਤੀ ਸਾਲ 2024-25 ਦੌਰਾਨ ਸਮੂਹ ਦੇ ਬੇਮਿਸਾਲ ਪ੍ਰਦਰਸ਼ਨ ਕਾਰਣ ਹਾਸਲ ਹੋਈ ਏ । ਐਨ.ਸੀ.ਸੀ ਡਾਇਰੈਕਟੋਰੇਟ ਨੇ ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਕੈਂਪ ਤੋਂ ਪਹਿਲਾਂ ਅੱਠ ਸਮੂਹਾਂ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ, ਹਰੇਕ ਟੀਮ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ 85 ਐਨਸੀਸੀ ਕੈਡੇਟ ਸ਼ਾਮਲ ਸਨ। ਮੁਕਾਬਲਿਆਂ ਤੋਂ ਇਲਾਵਾ, ਡਾਇਰੈਕਟੋਰੇਟ ਨੇ ਪਹਿਲਾਂ ਤੋਂ ਨਿਰਧਾਰਤ ਮਾਪਦੰਡਾਂ ਦੇ ਅਧਾਰ ਤੇ ਅੱਠ ਸਮੂਹਾਂ ਦੇ ਪ੍ਰਬੰਧਕੀ ਕੰਮਕਾਜ ਦਾ ਮੁਲਾਂਕਣ ਵੀ ਕੀਤਾ। ਐਨ.ਸੀ.ਸੀ ਡਾਇਰੈਕਟੋਰੇਟ ਦੇ ਐਡੀਸ਼ਨਲ ਡਾਇਰੈਕਟਰ ਜਨਰਲ , ਮੇਜਰ ਜਨਰਲ ਜੇ.ਐਸ. ਚੀਮਾ ਨੇ ਕੈਡਿਟਾਂ ਨੂੰ ਉਨ੍ਹਾਂ ਦੀ ਪ੍ਰਾਪਤੀ 'ਤੇ ਵਧਾਈ ਦਿੰਦੇ ਹੋਏ ਕਿਹਾ ਕਿ ਐਨ.ਸੀ.ਸੀ. ਵੱਖ-ਵੱਖ ਸੰਸਥਾਵਾਂ ਤੋਂ ਅਕੁਸ਼ਲ ਪ੍ਰਤਿਭਾ ਦੀ ਪਛਾਣ ਕਰਕੇ ਸਿਖਲਾਈ ਦਿੰਦਾ ਏ ਅਤੇ

ਡਾਇਰੈਕਟੋਰੇਟ ਪੱਧਰ 'ਤੇ ਵੱਖ-ਵੱਖ ਪ੍ਰੋਗਰਾਮਾਂ ਰਾਹੀਂ ਮੁਕਾਬਲਿਆਂ ਵਿੱਚ ਉੱਤਮਤਾ ਹਾਸਲ ਕਰਨ ਲਈ ਵਿਹਾਰਿਕ ਸਿਖਲਾਈ ਪ੍ਰਦਾਨ ਕਰਦਾ ਏ । ਐਨ.ਸੀ.ਸੀ. ਗਰੁੱਪ ਚੰਡੀਗੜ੍ਹ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਵੀ.ਐਸ. ਚੌਹਾਨ ਨੇ, ਰੋਪੜ ਵਿਖੇ ਆਯੋਜਿਤ ਇੱਕ ਸਮਾਗਮ ਵਿੱਚ ਮੇਜਰ ਜਨਰਲ ਤੋਂ ਚੈਂਪੀਅਨਸ਼ਿਪ ਟਰਾਫੀ ਪ੍ਰਾਪਤ ਕੀਤੀ। ਬ੍ਰਿਗੇਡੀਅਰ ਚੌਹਾਨ ਨੇ ਕੈਡਿਟਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ।

-------------------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ ਜ਼ਿਲਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੀਆਂ ਆਮ ਚੋਣਾਂ ਦੇ ਮੱਦੇਨਜ਼ਰ, ਜ਼ਿਲਿਆਂ ਵਿੱਚ ਵੋਟਰ ਸੂਚੀਆਂ ਵਿੱਚ ਸੋਧ ਅਤੇ ਉਨ੍ਹਾਂ ਨੂੰ UPDATE ਕਰਨ ਲਈ, ਇਕ ਪ੍ਰੋਗਰਾਮ ਜਾਰੀ ਕੀਤਾ ਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ, ਪੰਜਾਬ ਰਾਜ ਚੋਣ ਕਮਿਸ਼ਨਰ, ਰਾਜ ਕਮਲ ਚੌਧਰੀ ਨੇ ਕਿਹਾ ਕਿ ਵੋਟਰ ਸੂਚੀਆਂ ਦੇ ਖਰੜੇ ਸਬੰਧੀ ਪ੍ਰੋਗਰਾਮ 10 ਫਰਵਰੀ ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਕਿਸੇ ਵੀ ਕਿਸਮ ਦੇ ਇਤਰਾਜ਼ ਜਾਂ ਦਾਅਵੇ ਦਾਖਲ ਕਰਨ ਦੀ ਪ੍ਰਕਿਰਿਆ 11 ਫਰਵਰੀ ਤੋਂ 18 ਫਰਵਰੀ ਤੱਕ ਹੋਵੇਗੀ। ਦਾਅਵਿਆਂ ਅਤੇ

ਇਤਰਾਜ਼ਾਂ ਦਾ ਨਿਪਟਾਰਾ 27 ਫਰਵਰੀ ਤੱਕ ਕੀਤਾ ਜਾਵੇਗਾ। ਸੋਧੀ ਹੋਈ ਵੋਟਰ ਸੂਚੀ, 3 ਮਾਰਚ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ। ਉਹਨਾਂ ਕਿਹਾ ਕਿ, ਵਿਸ਼ੇਸ਼ ਸੋਧ ਦਾ ਮੁੱਖ ਉਦੇਸ਼ ਨਵੇਂ ਯੋਗ ਅਤੇ ਵੋਟਰ ਸੂਚੀ ਵਿੱਚ ਨਾਂ ਦਰਜ ਕਰਵਾਉਣ ਤੋਂ ਖੁੰਝ ਗਏ ਵੋਟਰਾਂ ਨੂੰ ਸ਼ਾਮਲ ਕਰਨਾ ਏ। ਇਸ ਦੇ ਨਾਲ ਵਿਸ਼ੇਸ਼ ਸੋਧ ਦਾ ਇੱਕ ਹੋਰ ਉਦੇਸ਼, ਵੋਟਰ ਵੇਰਵਿਆਂ ਵਿੱਚ ਸੋਧ ਜਾਂ ਸੁਧਾਰ ਦੇ ਮੌਕੇ ਪ੍ਰਦਾਨ ਕਰਨਾ ਏ।

----------------------------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 7 ਫਰਵਰੀ ਤੋਂ 14ਵੇਂ ਪੰਜਾਬ ਯੂਨੀਵਰਸਿਟੀ ਰੋਜ਼ ਫੈਸਟੀਵਲ ਦੀ ਮੇਜ਼ਬਾਨੀ ਕਰਨ ਲਈ ਪੂਰੀ ਤਰ੍ਹਾਂ ਤਿਆਰ ਏ । ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਕਲ ਨੂੰ ਦੁਪਹਿਰ 3 ਵਜੇ ਰੋਜ਼ ਫੈਸਟੀਵਲ ਦਾ ਉਦਘਾਟਨ ਕਰਨਗੇ । 115 ਤੋਂ ਵੱਧ ਕਿਸਮਾਂ ਦੇ ਗੁਲਾਬ ਦੇ ਬੂਟੇ ਖਿੱਚ ਦਾ ਕੇਂਦਰ ਹੋਣਗੇ । ਰੋਜ਼ ਫੈਸਟੀਵਲ ਵਿੱਚ ਸੱਭਿਆਚਾਰਕ ਸਮਾਗਮ ਅਤੇ ਮੁਕਾਬਲੇ ਵੀ ਪੇਸ਼ ਕੀਤੇ ਜਾਣਗੇ । ਤਿੰਨ ਦਿਨ ਚੱਲਣ ਵਾਲੇ ਪੰਜਾਬ ਯੂਨੀਵਰਸਿਟੀ ਰੋਜ਼ ਫੈਸਟੀਵਲ ਦੇ ਪਹਿਲੇ ਦਿਨ ਫਲਾਵਰ ਮੁਕਾਬਲੇ ਹੋਣਗੇ। ਸ਼ਾਮ ਨੂੰ ਜਗਜੀਤ ਵਡਾਲੀ ਵੱਲੋਂ ਮਿਸਟਰ ਐਂਡ ਮਿਸ ਰੋਜ਼ ਮੁਕਾਬਲਾ ਅਤੇ

ਪ੍ਰਦਰਸ਼ਨ ਹੋਵੇਗਾ।ਦੂਜੇ ਦਿਨ ਰੰਗੋਲੀ ਅਤੇ ਪੇਂਟਿੰਗ ਮੁਕਾਬਲੇ ਕਰਵਾਏ ਜਾਣਗੇ । ਸ਼ਾਮ ਨੂੰ ਰੌਕ ਬੈਂਡ "ਪਰਵਾਜ਼" ਦੁਆਰਾ ਪੇਸ਼ਕਾਰੀ ਕੀਤੀ ਜਾਵੇਗੀ।

------------------------------------------------------------------

ਉਤਰਾਖੰਡ ਵਿਖੇ ਹੋ ਰਹੀਆਂ 38ਵੀਆਂ ਰਾਸ਼ਟਰੀ ਖੇਡਾਂ ਵਿਚ ਸਰਵਿਸਿਜ਼ ਦੇ ਨੀਰਜ ਕੁਮਾਰ ਨੇ ਮਰਦਾਂ ਦੇ  ਦੇ 50 ਮੀਟਰ ਰਾਈਫਲ ਥ੍ਰੀ ਪੋਜ਼ੀਸ਼ਨ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ। ਮੱਧ ਪ੍ਰਦੇਸ਼ ਦੇ ਐਸ਼ਵਰੀ ਪ੍ਰਤਾਪ ਸਿੰਘ ਤੋਮਰ ਨੇ ਚਾਂਦੀ ਦਾ ਤਮਗਾ ਜਿੱਤਿਆ ਜਦਕਿ ਮਹਾਰਾਸ਼ਟਰ ਦੇ ਸਵਪਨਿਲ ਸੁਰੇਸ਼ ਕੁਸਾਲੇ ਨੇ ਕਾਂਸੀ ਦਾ ਤਮਗਾ ਜਿੱਤਿਆ। 10 ਮੀਟਰ ਏਅਰ ਪਿਸਟਲ ਮਿਕਸਡ ਟੀਮ ਮੁਕਾਬਲੇ ਵਿੱਚ ਹਰਿਆਣਾ ਦੀ ਸੁਰੂਚੀ ਅਤੇ ਪ੍ਰਮੋਦ ਨੇ ਸੋਨ ਤਮਗਾ ਜਿੱਤਿਆ । ਪੰਜਾਬ ਨੇ ਹੁਣ ਤਕ ਬੇਹਤਰ ਪ੍ਰਦਰਸ਼ਨ ਕਰਦਿਆਂ 8 ਸੋਨੇ 9 ਚਾਂਦੀ ਅਤੇ 16 ਕਾਂਸੀ ਦੇ ਤਮਗਿਆਂ ਸਮੇਤ ਕੁਲ 33 ਤਮਗੇ ਜਿਤੇ ਨੇ ।

------------------------------------------------------------------

ਲੁਧਿਆਣਾ ਵਿਖੇ 37ਵੀਂਆਂ ਰਾਇਲ ਇੰਨਫੀਲਡ ਮਾਡਰਨ ਪੇਂਡੂ ਮਿੰਨੀ

ਓਲੰਪਕ ਜਰਖੜ ਖੇਡਾਂ 7 ਫਰਵਰੀ ਤੋਂ ਸ਼ੁਰੂ ਹੋਰੁ ਹੋ ਰਹੀਆਂ ਨੇ, ਜੋ 9 ਫਰਵਰੀ ਤਕ ਜਾਰੀ ਰਹਿਣਗੀਆਂ । ਇਹਨਾਂ ਖੇਡਾਂ ਵਿੱਚ ਹਾਕੀ ,ਫੁਟਬਾਲ ਤੇ ਕਬੱਡੀ ਓਪਨ ਵਿੱਚ ਨਾਇਬ ਸਿੰਘ ਗਰੇਵਾਲ ਯਾਦਗਾਰੀ ਕਬੱਡੀ ਕੱਪ ਲਈ 20 ਟੀਮਾਂ ਦੇ ਆਪਸੀ ਮੁਕਾਬਲੇ, ਅਮਰਜੀਤ ਸਿੰਘ ਗਰੇਵਾਲ ਵਾਲੀਬਾਲ ਕੱਪ ਤੋਂ ਇਲਾਵਾ ਪ੍ਰਾਇਮਰੀ ਸਕੂਲੀ ਬੱਚਿਆਂ ਦੀ ਰੱਸਾਕਸ਼ੀ, ਕਬੱਡੀ ਖੇਡਾਂ ਦੇ ਮੁਕਾਬਲੇ ਹੋਣਗੇ । ਜਰਖੜ ਖੇਡਾਂ ਦਾ ਉਦਘਾਟਨੀ ਸਮਾਗਮ ਵਿੱਚ ਇਲਾਕੇ ਦੇ ਵੱਖ ਵੱਖ ਸਕੂਲਾਂ ਦਾ ਮਾਰਚ ਪਾਸਟ ਤੋਂ ਇਲਾਵਾ ਡਰੈਗਨ ਅਕੈਡਮੀ ਲੁਧਿਆਣਾ ਅਤੇ ਸਿਟੀ ਯੂਨੀਵਰਸਿਟੀ ਜਗਰਾਉਂ ਦੇ ਬੱਚਿਆਂ ਵੱਲੋਂ ਵੱਖ-ਵੱਖ ਗੀਤਾਂ ਤੇ ਕੋਰੀਓਗ੍ਰਾਫੀ ਅਤੇ ਹੋਰ ਗੀਤ ਸੰਗੀਤ ਮੁੱਖ ਖਿੱਚ ਦਾ ਕੇਂਦਰ ਹੋਵੇਗਾ। ਖੇਡਾਂ ਦੇ ਚੇਅਰਮੈਨ ਨਰਿੰਦਰ ਪਾਲ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਮੌਕੇ ਵਕਲੁ ਵੱਖ ਕਹਿਤਰ ਵਿਚ ਨਾਮਣਾ ਖੱਟਣ ਵਾਲੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ । ਜੇਤੂਆਂ ਨੂੰ ਇਨਾਮ ਵਜੋਂ ਸਾਈਕਲ ਦਿਤੇ ਜਾਣਗੇ।

-----------------------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ-ਦੇਸ਼ ਦੀ ਜਨਤਾ ਨੇ ਵਿਕਾਸ ਦੇ ਮਾਡਲ ਨੂੰ ਸਮਝਿਆ ਤੇ ਇਸਦਾ ਸਮਰਥਨ ਕੀਤਾ ਏ।

• ਵਿਦੇਸ਼ ਮੰਤਰੀ ਡਾ. ਐਸ ਜੈਸ਼ੰਕਰ ਨੇ ਕਿਹਾ ਏ ਕਿ ਵਿਦੇਸ਼ ਵਿੱਚ ਪੜ ਰਹੇ ਭਾਰਤੀ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ, ਸਰਕਾਰ ਦੀ ਤਰਜੀਹ ਏ।

• ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਵਿਭਾਗ ਵਲੋਂ ਸੇਵਾ ਕੇਂਦਰਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਸਾਰੀਆਂ 406 ਸੇਵਾਵਾਂ ਨਾਗਰਿਕਾਂ ਦੇ ਦਰਾਂ ਤੱਕ ਪਹੁੰਚਾਉਣ ਦੀ ਸ਼ੁਰੂਆਤ I

• ਅਨੀਮੀਆ ਮੁਕਤ ਪੰਜਾਬ ਬਣਾਉਣ ਦੇ ਮੰਤਵ ਨਾਲ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਤਰਨ ਤਾਰਨ ਤੋਂ ਵਿਦਿਆਰਥਣਾਂ ਦੀ ਅਨੀਮੀਆ ਜਾਂਚ ਮੁਹਿੰਮ ਦਾ ਆਗਾਜ਼ I

• ਚੰਡੀਗੜ੍ਹ ਐਨ.ਸੀ.ਸੀ ਗਰੁੱਪ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਖੇਤਰ ਦੇ ਸਮੂਹਾਂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ I